ਮਾਸਿਕ 'ਮਹਿਕ ਵਤਨ ਦੀ ਲਾਈਵ' ਮੋਗਾ
Monthly 'Mehak Watan Di Live' Moga




# ਸੋਹਣਾ ਤੇ ਸਸਤਾ ਦੇਸ਼ ਸਵੀਡਨ

**ਸਵੀਡਨ ਜਾਣ ਆਉਣ ਦਾ ਟੌਲ ਟੈਕਸ ਵੀ ਜ਼ਿਆਦਾ ਨਹੀਂ ਸਗੋਂ ਤਕਰੀਬਨ 200 ਕਰੋਨੇ ਹੀ ਪੈਂਦਾ ਹੈ। ਨੌਰਵੀਯੀਅਨ ਲੋਕ ਸਵੀਡਨ ਤੋਂ ਸਾਲ-ਛਿਮਾਹੀ ਤਕ ਦੇ ਸੌਦੇ-ਸਾਮਾਨ ਲੋੜ ਮੁਤਾਬਕ ਖਰੀਦ ਕੇ ਰੱਖ ਲੈਂਦੇ ਹਨ। ਅੰਕੜੇ ਦੱਸਦੇ ਹਨ ਕਿ 2011 ਵਿੱਚ ਨੌਰਵੇ ਵੱਲੋਂ ਸਵੀਡਨ ਤੋਂ 11.5 ਬਿਲੀਅਨ ਕਰੋਨੇ ਦੀ ਖਰੀਦ ਕੀਤੀ ਗਈ ਜੋ ਭਾਰਤੀ 11,300 ਕਰੋੜ ਦੀ ਰਕਮ ਬਣਦੀ ਹੈ। ਬੱਚਿਆਂ ਅਤੇ ਸੈਲਾਨੀਆਂ ਨੂੰ ਹੀ ਨਹੀਂ ਸਗੋਂ ਨੌਰਵੇ ਵਾਲਿਆਂ ਨੂੰ ਵੀ ਮਿੱਠਾ ਪਿਆਰਾ ਲੱਗਦਾ ਹੈ ਇਹ ਮਿੱਠੀਆਂ ਸੋਹਣੀਆਂ ਤਰ੍ਹਾਂ-ਤਰ੍ਹਾਂ ਦੀਆਂ ਟੌਫੀਆਂ ਵਾਲਾ ਦੇਸ਼ ਸਵੀਡਨ ।**

ਸਵੀਡਨ ਯੂਰਪ ਦਾ ਬੜਾ ਸੋਹਣਾ ਤੇ ਸਸਤਾ ਦੇਸ਼ ਹੈ। ਇਸ ਦਾ ਉੱਤਰ-ਪੂਰਬੀ ਭਾਗ ਫਿਨਲੈਂਡ, ਦੱਖਣੀ ਭਾਗ ਡੈਨਮਾਰਕ ਅਤੇ ਪੱਛਮੀ ਹਿੱਸਾ ਨੌਰਵੇ ਨਾਲ ਲੱਗਦਾ ਹੈ। ਸਵੀਡਨ ਦਾ ਖੇਤਰਫਲ 4,49,964 ਵਰਗ ਕਿਲੋਮੀਟਰ ਅਤੇ ਆਬਾਦੀ 95 ਲੱਖ ਦੇ ਕਰੀਬ ਹੈ। ਇਸ ਦੀ ਰਾਜਧਾਨੀ ਸਟਾਕਹੋਮ (Stockholm) ਹੈ। ਨੌਰਵੇ ਦੇ ਨਾਲ ਲੱਗਦਾ ਇਹ ਮੁਲਕ ਵੀ ਇਸ ਵਾਂਗ ਠੰਢਾ ਦੇਸ਼ ਹੈ।

ਦਰਮਨ ਤੋਂ ਸਵੀਡਨ ਦੀ ਸਰਹੱਦ 132 ਕਿਲੋਮੀਟਰ ਦੂਰ ਹੈ ਜੋ ਕਾਰ ਰਾਹੀਂ ਪੌਣੇ ਕੁ ਦੋ ਘੰਟੇ ਦਾ ਸਫ਼ਰ ਹੈ। ਇਕ ਰਸਤਾ ਸਮੁੰਦਰ ਵਿੱਚੋਂ ਸੁਰੰਗ ਰਾਹੀਂ ਵੀ ਜਾਂਦਾ ਹੈ ਜੋ ਦਰਮਨ ਤੋਂ 131 ਕਿਲੋਮੀਟਰ ਬਣਦਾ ਹੈ। ਸਮੁੰਦਰ ਵਿੱਚੋਂ ਲੰਘਦੀ ਇਹ ਸੁਰੰਗ 7 ਕਿਲੋਮੀਟਰ ਲੰਮੀ ਹੈ। ਸਮੁੰਦਰੀ ਸੁਰੰਗ 'ਚੋਂ ਗੁਜ਼ਰਨ ਦਾ ਅਹਿਸਾਸ ਕਿਸੇ ਕ੍ਰਿਸ਼ਮੇ ਤੋਂ ਘੱਟ ਨਹੀਂ ਜਾਪਦਾ। ਨੌਰਵੇ ਤੋਂ ਸਵੀਡਨ ਜਾਣ ਵਾਲੇ ਸੈਲਾਨੀ ਜਾਂ ਆਮ ਲੋਕ ਓਸਲੋ ਤੋਂ ਸਮੁੰਦਰੀ ਜਹਾਜ਼ ਵਿੱਚ ਵੀ ਜਾਂਦੇ ਹਨ। ਕਈ ਲੋਕ ਆਪਣੀ ਕਾਰ ਜਹਾਜ਼ ਵਿੱਚ ਨਾਲ ਲੈ ਜਾਂਦੇ ਹਨ ਤੇ ਸਵੀਡਨ ਜਾ ਕੇ ਆਪਣੀ ਕਾਰ 'ਤੇ ਘੁੰਮਦੇ ਹਨ। ਕਈ ਲੋਕ ਮੁੜਦੇ ਸਮੇਂ ਕਾਰ 'ਤੇ ਹੀ ਵਾਪਸ ਆ ਜਾਂਦੇ ਹਨ। ਦਰਮਨ ਤੋਂ ਸਵੀਡਨ ਜਾਂਦਿਆਂ ਰਾਹ ਵਿੱਚ ਨਾ ਕੋਈ ਚੈੱਕ ਪੋਸਟ ਤੇ ਨਾ ਹੀ ਟੌਲ ਟੈਕਸ ਵਾਲੇ ਦਿਸਦੇ ਹਨ ਪਰ ਇਹ ਵੱਖਰੀ ਗੱਲ ਹੈ ਕਿ ਚਾਰ-ਪੰਜ ਥਾਂ 'ਤੇ ਟੌਲ ਟੈਕਸ ਲਿਆ ਜਾਂਦਾ ਹੈ। ਇਨ੍ਹਾਂ ਲੋਕਾਂ ਦੀਆਂ ਕਾਰਾਂ ਵਿੱਚ ਅਗਲੇ ਸ਼ੀਸ਼ੇ 'ਤੇ ਇੱਕ ਚਿੱਪ ਜਾਂ ਕਾਰਡ ਲੱਗਿਆ ਹੁੰਦਾ ਹੈ ਜਿਸ ਵਿੱਚ ਹਜ਼ਾਰ-ਪੰਦਰਾਂ ਸੌ ਕਰੋਨਾ ਜਮ੍ਹਾਂ ਹੁੰਦਾ ਹੈ। ਟੌਲ ਟੈਕਸ ਤੋਂ ਲੰਘਦਿਆਂ ਵਿਸ਼ੇਸ਼ ਤਕਨੀਕ ਨਾਲ ਉੱਥੇ ਪੈਸੇ ਜਮ੍ਹਾਂ ਹੋ ਜਾਂਦੇ ਹਨ। ਇਸ ਢੰਗ ਨਾਲ ਕੱਟੇ ਜਾਂਦੇ ਪੈਸੇ ਉਨ੍ਹਾਂ ਲੋਕਾਂ ਨਾਲੋਂ ਘੱਟ ਲੱਗਦੇ ਹਨ ਜੋ ਇਨ੍ਹਾਂ ਥਾਵਾਂ 'ਤੇ ਲੱਗੀਆਂ ਮਸ਼ੀਨਾਂ 'ਚ ਪੈਸੇ ਪਾਉਂਦੇ ਹਨ। ਜੇ ਕਾਰਡ ਵਿੱਚ ਪੈਸੇ ਨਾ ਹੋਣ ਤਾਂ ਟੌਲ ਟੈਕਸ ਦਾ ਬਿੱਲ ਘਰ ਆ ਜਾਂਦਾ ਹੈ। ਸਾਰੇ ਰਸਤੇ ਵਿੱਚ ਕਿਤੇ ਕੋਈ ਪੁਲੀਸ ਜਾਂ ਟਰੈਫਿਕ ਪੁਲੀਸ ਵਾਲਾ ਨਹੀਂ ਦਿਸਦਾ, ਨਾ ਹੀ ਥਾਂ-ਥਾਂ 'ਤੇ ਰੋਕ ਕੇ ਕੋਈ ਪੁੱਛ-ਪੜਤਾਲ ਜਾਂ ਕਾਗਜ਼-ਪੱਤਰ ਜਾਂ ਪਾਸਪੋਰਟ ਦੇਖੇ ਜਾਂਦੇ ਹਨ।

ਕੁਝ ਸਮਾਂ ਪਹਿਲਾਂ ਨੌਰਵੇ ਦੀ ਹੱਦ ਤਕ ਸੜਕ 'ਤੇ ਪੀਲੇ ਰੰਗ ਦੀਆਂ ਪੱਟੀਆਂ ਸਨ ਤੇ ਸਵੀਡਨ ਵੱਲ ਸਫ਼ੈਦ ਪਰ ਹੁਣ ਨੌਰਵੇ ਦੀਆਂ ਸੜਕਾਂ 'ਤੇ ਵੀ ਸਫ਼ੈਦ ਪੱਟੀਆਂ ਹਨ। ਪਹਿਲਾਂ ਵੀ ਛੇਤੀ ਕੀਤਿਆਂ ਪਤਾ ਨਹੀਂ ਸੀ ਲੱਗਦਾ ਕਿ ਅਸੀਂ ਸਰਹੱਦ ਲੰਘ ਗਏ ਹਾਂ।

ਮੁਲਕ ਦਾ ਫ਼ਰਕ ਇਨ੍ਹਾਂ ਪੱਟੀਆਂ ਦੇ ਰੰਗ ਤੋਂ ਹੀ ਪਤਾ ਲੱਗਦਾ ਸੀ ਪਰ ਹੁਣ ਇਹ ਅੰਤਰ ਵੀ ਨਹੀਂ ਰਿਹਾ। ਹੁਣ ਤਾਂ 'ਸਵਿਨੇ ਸੁੰਦ' (Svine Sund) ਨਦੀ ਦੇ ਪੁਲ਼ ਉੱਤੇ ਪੁੱਜ ਕੇ ਹੀ ਪਤਾ ਲੱਗਦਾ ਹੈ ਕਿ ਅਸੀਂ ਸਵੀਡਨ 'ਚ ਆ ਵੜੇ ਹਾਂ ਜਾਂ ਵਾਪਸੀ 'ਤੇ ਨੌਰਵੇ ਆ ਵੜੇ ਹਾਂ। ਇਹ ਪੁਲ਼ 700 ਮੀਟਰ ਲੰਮਾ ਹੈ ਜੋ ਅੱਧਾ ਨੌਰਵੇ ਤੇ ਅੱਧਾ ਸਵੀਡਨ ਦਾ ਹੈ। ਸਵੀਡਨ ਦੀ ਹੱਦ 'ਤੇ ਵੜਨ 'ਤੇ ਜ਼ਰਾ ਪਾਸੇ ਹਟਵੇਂ ਕਸਟਮ ਵਾਲੇ ਹੁੰਦੇ ਹਨ ਜੋ ਕਿਸੇ ਨੂੰ ਬੇਵਜ੍ਹਾ ਨਹੀਂ ਰੋਕਦੇ। ਕਿਸੇ ਬਹੁਤ ਸ਼ੱਕੀ ਮਾਮਲੇ 'ਚ ਹੀ ਇਹ ਰੋਕਦੇ ਹਨ। ਜਿਨ੍ਹਾਂ ਲੋਕਾਂ ਨੇ ਕੁਝ ਕਸਟਮ ਦੇਣਾ ਹੁੰਦਾ ਹੈ, ਉਹ ਆਪ ਹੀ ਰੁਕ ਕੇ ਕਸਟਮ ਦੇ ਜਾਂਦੇ ਹਨ। ਇਹੋ ਕਾਰਨ ਹੈ ਕਿ ਆਉਣ-ਜਾਣ ਵਾਲਿਆਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਹੁੰਦੀ। ਨੌਰਵੇ ਭਾਵੇਂ ਬਹੁਤ ਅਮੀਰ ਮੁਲਕ ਹੈ ਪਰ ਹਰ ਕੋਈ ਬੱਚਤ ਤਾਂ ਕਰਨੀ ਹੀ ਚਾਹੁੰਦਾ ਹੈ। ਨੌਰਵੇ ਵਿੱਚ ਸ਼ਰਾਬ, ਚੀਨੀ, ਟੌਫੀਆਂ-ਗੋਲੀਆਂ, ਤੰਬਾਕੂ ਤੇ ਸਿਗਰਟ 'ਤੇ ਬਹੁਤ ਟੈਕਸ ਹੈ। ਇੱਥੋਂ ਦੀ ਸਰਕਾਰ ਦੀ ਸੋਚ ਗਹਿਰ-ਗੰਭੀਰ ਹੈ ਕਿ ਇਹ ਚੀਜ਼ਾਂ ਸਿਹਤ ਲਈ ਬਹੁਤ ਹਾਨੀਕਾਰਕ ਹਨ, ਇਸ ਲਈ ਕੀਮਤ ਵਧਾ ਦਿੱਤੀ ਜਾਂਦੀ ਹੈ। ਸਵੀਡਨ ਵਿੱਚ ਇਨ੍ਹਾਂ ਵਸਤਾਂ 'ਤੇ ਬਹੁਤ ਹੀ ਘੱਟ ਟੈਕਸ ਹੈ ਤੇ ਉਂਜ ਵੀ ਨੌਰਵੇ ਨਾਲੋਂ ਸਸਤੀਆਂ ਪੈਂਦੀਆਂ ਹਨ ਕਿਉਂਕਿ ਨੌਰਵੇ ਦਾ 100 ਕਰੋਨਾ ਸਵੀਡਨ ਦੇ 116 ਕਰੋਨੇ ਦੇ ਬਰਾਬਰ ਹੈ, ਅਰਥਾਤ ਇਨ੍ਹਾਂ ਲੋਕਾਂ ਨੂੰ ਕਰੰਸੀ ਕਾਰਨ ਹੀ 16 ਫ਼ੀਸਦੀ ਸਸਤਾ ਪੈਣ ਵਾਲਾ ਸਾਮਾਨ ਬਿਨਾਂ ਟੈਕਸ ਜਾਂ ਮਾਮੂਲੀ ਟੈਕਸ ਕਾਰਨ ਬਹੁਤ ਘੱਟ ਕੀਮਤ 'ਤੇ ਮਿਲ ਜਾਂਦਾ ਹੈ। ਇੱਥੋਂ ਦੇ ਵਸਨੀਕਾਂ ਨੂੰ ਗੱਡੀ ਦੇ ਪੈਟਰੋਲ, ਟੌਲ ਟੈਕਸ ਤੇ ਆਪਣੇ ਖਾਣ-ਪੀਣ ਦੇ ਸਾਰੇ ਖਰਚੇ ਕੱਢ ਕੇ ਵੀ ਸਵੀਡਨ ਤੋਂ ਖਰੀਦਦਾਰੀ ਕਰਨੀ ਬਹੁਤ ਲਾਹੇਵੰਦ ਰਹਿੰਦੀ ਹੈ।



ਨੌਰਵੀਯੀਅਨ ਲੋਕ ਛੁੱਟੀ ਵਾਲੇ ਦਿਨ ਸਵੀਡਨ ਘੁੰਮ-ਫਿਰ ਵੀ ਆਉਂਦੇ ਹਨ ਤੇ ਆਪਣੀ ਘਰੇਲੂ ਲੋੜ ਵਾਲਾ ਸਾਮਾਨ ਜਾਂ ਸੌਦਾ-ਪੱਤਾ ਖਰੀਦ ਲਿਆਉਂਦੇ ਹਨ। ਸਵੀਡਨ 'ਚ ਵੜਦਿਆਂ ਹੀ ਇੱਕ ਬਹੁਤ ਵੱਡੇ ਤੇ ਪ੍ਰਸਿੱਧ ਨੂਰਬੀ ਸ਼ਾਪਿੰਗ ਸੈਂਟਰ (Nordby Shopping Center) ਵਿੱਚ ਹਰ ਤਰ੍ਹਾਂ ਦਾ ਸਾਮਾਨ ਮਿਲਦਾ ਹੈ ਪਰ ਉੱਥੇ ਦੇਖਣਯੋਗ ਇੱਕ ਬਹੁਤ ਵਧੀਆ ਥਾਂ ਹੈ ਜਿੱਥੇ ਸਿਰਫ਼ ਬਹੁਤ ਤਰ੍ਹਾਂ ਦੀਆਂ ਟੌਫੀਆਂ-ਚੌਕਲੇਟ ਤੇ ਕੋਲਡ ਡਰਿੰਕਸ ਹੀ ਮਿਲਦੇ ਹਨ। ਇਸ ਸੈਂਟਰ ਵਿੱਚ ਟੌਫੀਆਂ ਬੱਚਿਆਂ ਦੇ ਨਾਲ-ਨਾਲ ਵੱਡਿਆਂ ਲਈ ਵੀ ਵਿਸ਼ੇਸ਼ ਖਿੱਚ ਦਾ ਕਾਰਨ ਬਣਦੀਆਂ ਹਨ। ਇੱਕ ਫੁੱਲ ਜਾਂ ਫਲ ਜਿਵੇਂ ਗੁਲਾਬ ਦਾ ਫੁੱਲ, ਚੈਰੀ, ਅਨਾਨਾਸ, ਅੰਬ, ਕੇਲਾ, ਸੰਤਰਾ, ਸਟਰਾਬਰੀ, ਸੇਬ ਤੇ ਕੀਵੀ ਆਦਿ ਦੀ ਸ਼ਕਲ ਜਾਂ ਮਾਡਲ ਤੋਂ ਲੈ ਕੇ ਜਾਨਵਰਾਂ ਤੇ ਪੰਛੀਆਂ ਦੀ ਸ਼ਕਲ ਦੀਆਂ ਟੌਫੀਆਂ ਵੀ ਮਿਲਦੀਆਂ ਹਨ। ਇਨ੍ਹਾਂ ਵਿੱਚ ਗੰਡੋਏ, ਡੱਡੂ, ਸੱਪ, ਮੱਛੀਆਂ ਤੇ ਮਗਰਮੱਛ ਆਦਿ ਜੀਵਾਂ ਵਾਲੇ ਰੰਗ-ਰੂਪ ਦੀਆਂ ਟੌਫੀਆਂ ਵੀ ਹੁੰਦੀਆਂ ਹਨ। ਇਨ੍ਹਾਂ ਟੌਫੀਆਂ ਵਿੱਚ ਖ਼ੂਬਸੂਰਤ ਤਿੱਤਲੀਆਂ ਵਰਗੀਆਂ ਟੌਫੀਆਂ ਵੀ ਸ਼ਾਮਲ ਹਨ। ਔਰਤ, ਮਰਦ ਤੇ ਬੱਚਿਆਂ ਦੀ ਸ਼ਕਲ ਵਾਲੀਆਂ ਟੌਫੀਆਂ ਦੇ ਖ਼ਾਸ ਤੌਰ 'ਤੇ ਪੈਕਟ ਬਣੇ ਹੁੰਦੇ ਹਨ। ਬਾਹਰੋਂ ਆਏ ਸੈਲਾਨੀ ਇੱਥੋਂ ਟੌਫੀਆਂ ਜ਼ਰੂਰ ਲੈ ਕੇ ਜਾਂਦੇ ਹਨ। ਨੌਰਵੇ ਦੇ ਲੋਕ ਇੱਥੋਂ ਟੌਫੀਆਂ ਲੈਂਦੇ ਹਨ ਪਰ ਇਨ੍ਹਾਂ ਲੋਕਾਂ ਨੇ ਇੱਕ ਆਦਤ ਅਸੂਲ ਵਾਂਗ ਬਣਾਈ ਹੋਈ ਹੈ ਕਿ ਇਹ ਸਿਰਫ਼ ਸ਼ਨਿੱਚਰਵਾਰ ਨੂੰ ਹੀ ਬੱਚਿਆਂ ਨੂੰ ਟੌਫੀਆਂ ਜਾਂ ਚੌਕਲੇਟ ਖਾਣ ਲਈ ਦਿੰਦੇ ਹਨ। ਸਕੂਲ ਵਿੱਚ ਟੌਫੀਆਂ ਜਾਂ ਚੌਕਲੇਟ ਲਿਜਾਣ ਦੀ ਸਖ਼ਤ ਮਨਾਹੀ ਹੈ। ਇਨ੍ਹਾਂ ਚੀਜ਼ਾਂ ਨਾਲੋਂ ਇਹ ਲੋਕ ਫਲ ਅਤੇ ਜੂਸ ਹੀ ਬੱਚਿਆਂ ਨੂੰ ਜ਼ਿਆਦਾ ਦਿੰਦੇ ਹਨ। ਉਹ ਵੱਖਰੀ ਗੱਲ ਹੈ ਕਿ ਇਸ ਥਾਂ ਤੋਂ ਕੋਈ ਵੀ ਨਾਂਹ-ਨਾਂਹ ਕਰਦਿਆਂ ਟੌਫੀਆਂ ਤੇ ਚੌਕਲੇਟ ਖਰੀਦ ਹੀ ਲੈਂਦਾ ਹੈ। ਇੱਕ ਵੱਖਰੀ ਕਿਸਮ ਦੀਆਂ ਟੌਫੀਆਂ ਪਹਿਲੀ ਨਜ਼ਰੇ ਪੰਜਾਬ ਦੀ ਖੋਏ ਦੀ ਬਰਫ਼ੀ ਦਾ ਭੁਲੇਖਾ ਪਾਉਂਦੀਆਂ ਹਨ। ਇਹ ਵੇਖਣ ਵਾਲੀ ਥਾਂ ਹੈ।

ਨੌਰਵੇ ਤੋਂ ਸਵੀਡਨ ਲਈ ਬੱਸਾਂ ਦੀ ਆਮ ਸਹੂਲਤ ਹੈ। ਇੱਥੋਂ ਦੀਆਂ ਔਰਤਾਂ ਬੱਸਾਂ 'ਤੇ ਜਾ ਕੇ ਵੀ ਸਵੀਡਨ ਤੋਂ ਖਰੀਦੋ-ਫਰੋਖਤ ਕਰ ਲਿਆਉਂਦੀਆਂ ਹਨ। ਲੋਕੀਂ ਸਵੀਡਨ ਤੋਂ ਸ਼ਰਾਬ, ਸਿਗਰਟ ਜਾਂ ਟੌਫੀਆਂ ਤੋਂ ਇਲਾਵਾ ਖਾਣ-ਪੀਣ ਵਾਲਾ ਬਹੁਤਾ ਸਾਮਾਨ ਵੀ ਖਰੀਦਦੇ ਹਨ। ਆਟਾ, ਚੀਨੀ, ਕੋਲਡ ਡਰਿੰਕ, ਜੂਸ, ਮੈਦਾ, ਬੇਸਣ, ਮੀਟ, ਸਬਜ਼ੀਆਂ ਤੇ ਜੈਮ ਆਦਿ ਵੀ ਇਹ ਲੋਕ ਸਵੀਡਨ ਤੋਂ ਲਿਆਉਂਦੇ ਹਨ। ਇਸ ਦਾ ਇੱਕ ਹੋਰ ਵੱਡਾ ਕਾਰਨ ਹੈ ਕਿ ਸਵੀਡਨ ਯੂਰਪੀਨ ਸੰਘ ਦਾ ਹਿੱਸਾ ਹੈ। ਇਸ ਸੰਘ ਵਿੱਚ 27 ਦੇਸ਼ ਹਨ ਜਿਨ੍ਹਾਂ ਵਿੱਚ ਜਰਮਨੀ, ਫਰਾਂਸ, ਇੰਗਲੈਂਡ ਅਤੇ ਡੈਨਮਾਰਕ ਆਦਿ ਸ਼ਾਮਲ ਹਨ। ਇਨ੍ਹਾਂ ਮੁਲਕਾਂ ਦਾ ਆਪਸੀ ਵਪਾਰਕ ਸਮਝੌਤਾ ਹੈ ਕਿ ਇਹ ਸਾਰੇ ਇੱਕ-ਦੂਜੇ ਮੁਲਕ ਵਿੱਚ ਆਪਣਾ ਸਾਮਾਨ ਖਰੀਦ ਤੇ ਵੇਚ ਸਕਦੇ ਹਨ। ਇਨ੍ਹਾਂ ਮੁਲਕਾਂ ਵਿੱਚ ਇੱਕ-ਦੂਜੇ ਦੇ ਸਾਮਾਨ 'ਤੇ ਕੋਈ ਕਸਟਮ ਨਹੀਂ ਲਗਾਇਆ ਜਾਂਦਾ। ਇਸ ਕਾਰਨ ਵੀ ਸਵੀਡਨ ਸਸਤਾ ਪੈਂਦਾ ਹੈ ਕਿਉਂਕਿ ਨੌਰਵੇ ਯੂਰਪੀਨ ਸੰਘ ਦਾ ਹਿੱਸਾ ਨਹੀਂ ਹੈ।

ਸਵੀਡਨ ਜਾਣ ਆਉਣ ਦਾ ਟੌਲ ਟੈਕਸ ਵੀ ਜ਼ਿਆਦਾ ਨਹੀਂ ਸਗੋਂ ਤਕਰੀਬਨ 200 ਕਰੋਨੇ ਹੀ ਪੈਂਦਾ ਹੈ। ਨੌਰਵੀਯੀਅਨ ਲੋਕ ਸਵੀਡਨ ਤੋਂ ਸਾਲ-ਛਿਮਾਹੀ ਤਕ ਦੇ ਸੌਦੇ-ਸਾਮਾਨ ਲੋੜ ਮੁਤਾਬਕ ਖਰੀਦ ਕੇ ਰੱਖ ਲੈਂਦੇ ਹਨ। ਅੰਕੜੇ ਦੱਸਦੇ ਹਨ ਕਿ 2011 ਵਿੱਚ ਨੌਰਵੇ ਵੱਲੋਂ ਸਵੀਡਨ ਤੋਂ 11.5 ਬਿਲੀਅਨ ਕਰੋਨੇ ਦੀ ਖਰੀਦ ਕੀਤੀ ਗਈ ਜੋ ਭਾਰਤੀ 11,300 ਕਰੋੜ ਦੀ ਰਕਮ ਬਣਦੀ ਹੈ। ਬੱਚਿਆਂ ਅਤੇ ਸੈਲਾਨੀਆਂ ਨੂੰ ਹੀ ਨਹੀਂ ਸਗੋਂ ਨੌਰਵੇ ਵਾਲਿਆਂ ਨੂੰ ਵੀ ਮਿੱਠਾ ਪਿਆਰਾ ਲੱਗਦਾ ਹੈ ਇਹ ਮਿੱਠੀਆਂ ਸੋਹਣੀਆਂ ਤਰ੍ਹਾਂ-ਤਰ੍ਹਾਂ ਦੀਆਂ ਟੌਫੀਆਂ ਵਾਲਾ ਦੇਸ਼ ਸਵੀਡਨ ।

**ਪਰਮਜੀਤ ਕੌਰ ਸਰਹਿੰਦ**
**ਮੋਬਾਈਲ: 98728-98599**